**ਗੋਂਡ ਮਹਲਾ ੫ ॥ ਨਾਮ ਸੰਗਿ ਕੀਨੋ ਬਿਉਹਾਰੁ ॥ ਨਾਮੋੁ ਹੀ ਇਸੁ ਮਨ ਕਾ ਅਧਾਰੁ ॥ ਨਾਮੋ ਹੀ ਚਿਤਿ ਕੀਨੀ ਓਟ ॥ ਨਾਮੁ ਜਪਤ ਮਿਟਹਿ ਪਾਪ ਕੋਟਿ ॥ ੧॥ ਰਾਸਿ ਦੀਈ ਹਰਿ ਏਕੋ ਨਾਮੁ ॥ ਮਨ ਕਾ ਇਸਟੁ ਗੁਰ ਸੰਗਿ ਧਿਆਨੁ ॥੧॥ ਰਹਾਉ ॥ ਨਾਮੁ ਹਮਾਰੇ ਜੀਅ ਕੀ ਰਾਸਿ ॥ ਨਾਮੋ ਸੰਗੀ ਜਤ ਕਤ ਜਾਤ ॥ ਨਾਮੋ ਹੀ ਮਨਿ ਲਾਗਾ ਮੀਠਾ ॥ ਜਲਿ ਥਲਿ ਸਭ ਮਹਿ ਨਾਮੋ ਡੀਠਾ ॥੨॥ ਨਾਮੇ ਦਰਗਹ ਮੁਖ ਉਜਲੇ ॥ ਨਾਮੇ ਸਗਲੇ ਕੁਲ ਉਧਰੇ ॥ ਨਾਮਿ ਹਮਾਰੇ ਕਾਰਜ ਸੀਧ ॥ ਨਾਮ ਸੰਗਿ ਇਹੁ ਮਨੂਆ ਗੀਧ ॥੩॥ ਨਾਮੇ ਹੀ ਹਮ ਨਿਰਭਉ ਭਏ ॥ ਨਾਮੇ ਆਵਨ ਜਾਵਨ ਰਹੇ ॥ ਗੁਰਿ ਪੂਰੈ ਮੇਲੇ ਗੁਣਤਾਸ ॥ ਕਹੁ ਨਾਨਕ ਸੁਖਿ ਸਹਜਿ ਨਿਵਾਸੁ ॥੪॥੨॥੪॥** {ਪੰਨਾ 863}

ਪਦਅਰਥ:- ਨਾਮ ਸੰਗਿ—ਪ੍ਰਭੂ ਦੇ ਨਾਮ ਨਾਲ। ਕੀਨੋ—ਕੀਤਾ ਹੈ। ਨਾਮੋੁ—{ਅੱਖਰ 'ਮ' ਦੇ ਨਾਲ ਦੋ ਲਗਾਂ ਹਨ— ੋ ਅਤੇ ੁ। ਅਸਲ ਲਫ਼ਜ਼ 'ਨਾਮੁ' ਹੈ, ਇਥੇ 'ਨਾਮੋ' ਪੜ੍ਹਨਾ ਹੈ}। ਅਧਾਰੁ—ਆਸਰਾ। ਚਿਤਿ—ਚਿੱਤ ਵਿਚ! ਓਟ—ਆਸਰਾ। ਮਿਟਹਿ—ਮਿਟ ਜਾਂਦੇ ਹਨ। ਕੋਟਿ—ਕ੍ਰੋੜਾਂ।1।

ਰਾਸਿ—ਪੂੰਜੀ, ਸਰਮਾਇਆ। ਦੀਈ—ਦਿੱਤੀ ਹੈ (ਗੁਰੂ ਨੇ)। ਇਸਟੁ—ਸਭ ਤੋਂ ਪਿਆਰਾ (ਪੂਜਣ-ਜੋਗ)।1। ਰਹਾਉ।

ਜੀਅ ਕੀ—ਜਿੰਦ ਦੀ। ਸੰਗੀ—ਸਾਥੀ। ਜਤ ਕਤ—ਜਿੱਥੇ ਕਿੱਥੇ, ਹਰ ਥਾਂ। ਜਾਤ—ਜਾਂਦਾ ਹੈ। ਮਨਿ—ਮਨ ਵਿਚ। ਜਲਿ—ਜਲ ਵਿਚ। ਥਲਿ—ਧਰਤੀ ਵਿਚ, ਧਰਤੀ ਉਤੇ। ਨਾਮੋ—ਨਾਮ ਹੀ, ਪਰਮਾਤਮਾ ਹੀ।

ਨਾਮੇ—ਨਾਮਿ ਹੀ, ਨਾਮ ਦੀ ਰਾਹੀਂ ਹੀ। ਮੁਖ ਉਜਲੇ—ਸੁਰਖ਼ਰੂ। ਸਗਲੇ—ਸਾਰੇ। ਉਧਰੇ—(ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੇ ਹਨ। ਨਾਮਿ—ਨਾਮ ਦੀ ਰਾਹੀਂ। ਸੀਧ—ਸਿੱਧ, ਸਫਲ। ਗੀਧ—ਗਿੱਝ ਗਿਆ ਹੈ।3।

ਆਵਨ ਜਾਵਨ—ਜਨਮ ਮਰਨ ਦੇ ਗੇੜ। ਰਹੇ—ਮੁੱਕ ਜਾਂਦੇ ਹਨ। ਗੁਰਿ—ਗੁਰੂ ਨੇ। ਗੁਣਤਾਸ—ਗੁਣਾਂ ਦਾ ਖ਼ਜ਼ਾਨਾ ਪ੍ਰਭੂ। ਸੁਖਿ—ਸੁਖ ਵਿਚ। ਸਹਜਿ—ਆਤਮਕ ਅਡੋਲਤਾ ਵਿਚ।4।

ਅਰਥ:- ਹੇ ਭਾਈ! ਗੁਰੂ ਨੇ ਮੈਨੂੰ ਪਰਮਾਤਮਾ ਦਾ ਨਾਮ ਹੀ ਸਰਮਾਇਆ ਦਿੱਤਾ ਹੈ (ਤਾ ਕਿ ਮੈਂ ਉੱਚੇ ਆਤਮਕ ਜੀਵਨ ਦਾ ਵਪਾਰ ਕਰ ਸਕਾਂ)। (ਹੁਣ ਪ੍ਰਭੂ ਦਾ ਨਾਮ ਹੀ) ਮੇਰੇ ਮਨ ਦਾ ਸਭ ਤੋਂ ਵੱਡਾ ਪਿਆਰਾ (ਪੂਜਣ-ਜੋਗ ਦੇਵਤਾ ਬਣ ਗਿਆ) ਹੈ। (ਪਰ, ਹੇ ਭਾਈ!) ਗੁਰੂ ਦੀ ਸੰਗਤਿ ਵਿਚ ਰਹਿ ਕੇ ਹੀ ਹਰਿ-ਨਾਮ ਦਾ ਧਿਆਨ ਬਣ ਸਕਦਾ ਹੈ (ਹਰਿ-ਨਾਮ ਵਿਚ ਸੁਰਤਿ ਜੁੜ ਸਕਦੀ ਹੈ)।1। ਰਹਾਉ।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਹੁਣ) ਮੈਂ ਪ੍ਰਭੂ ਦੇ ਨਾਮ ਨਾਲ (ਆਤਮਕ ਜੀਵਨ ਦਾ) ਵਪਾਰ ਕਰ ਰਿਹਾ ਹਾਂ। ਪ੍ਰਭੂ ਦਾ ਨਾਮ ਹੀ (ਮੇਰੇ) ਇਸ ਮਨ ਦਾ ਆਸਰਾ ਬਣ ਗਿਆ ਹੈ। ਨਾਮ ਨੂੰ ਹੀ ਮੈਂ ਆਪਣੇ ਚਿੱਤ ਵਿਚ (ਜੀਵਨ ਦਾ) ਸਹਾਰਾ ਬਣਾ ਲਿਆ ਹੈ। (ਹੇ ਭਾਈ! ਪ੍ਰਭੂ ਦਾ) ਨਾਮ ਜਪਦਿਆਂ ਕ੍ਰੋੜਾਂ ਪਾਪ ਮਿਟ ਜਾਂਦੇ ਹਨ।1।

(ਹੇ ਭਾਈ! ਗੁਰੂ ਦੀ ਕਿਰਪਾ ਨਾਲ ਪ੍ਰਭੂ ਦਾ) ਨਾਮ ਮੇਰੀ ਜਿੰਦ ਦਾ ਸਰਮਾਇਆ ਬਣ ਚੁਕਾ ਹੈ, ਨਾਮ ਹੀ ਮੇਰਾ ਸਾਥੀ ਹਰ ਥਾਂ ਮੇਰੇ ਨਾਲ ਤੁਰਿਆ ਫਿਰਦਾ ਹੈ। ਪ੍ਰਭੂ ਦਾ ਨਾਮ ਹੀ ਮੇਰੇ ਮਨ ਵਿਚ ਮਿੱਠਾ ਲੱਗ ਰਿਹਾ ਹੈ। ਪਾਣੀ ਵਿਚ ਧਰਤੀ ਉਤੇ ਸਭ ਜੀਵਾਂ ਵਿਚ ਮੈਨੂੰ ਹਰਿ-ਨਾਮ ਹੀ (ਹਰੀ ਹੀ) ਦਿੱਸ ਰਿਹਾ ਹੈ।2।

ਹੇ ਭਾਈ! ਨਾਮ ਦੀ ਬਰਕਤ ਨਾਲ ਪਰਮਾਤਮਾ ਦੀ ਹਜ਼ੂਰੀ ਵਿਚ ਆਦਰ-ਮਾਣ ਪ੍ਰਾਪਤ ਕਰੀਦਾ ਹੈ, ਨਾਮ ਦੀ ਰਾਹੀਂ ਸਾਰੀਆਂ ਕੁਲਾਂ ਹੀ (ਸੰਸਾਰ-ਸਮੁੰਦਰ ਤੋਂ) ਪਾਰ ਲੰਘ ਜਾਂਦੀਆਂ ਹਨ। ਪ੍ਰਭੂ ਦੇ ਨਾਮ ਵਿਚ ਜੁੜਿਆਂ ਮੇਰੇ ਸਾਰੇ ਕੰਮ-ਕਾਰ ਸਫਲ ਹੋ ਰਹੇ ਹਨ। ਹੁਣ ਮੇਰਾ ਇਹ ਮਨ ਪਰਮਾਤਮਾ ਦੇ ਨਾਮ ਨਾਲ ਗਿੱਝ ਗਿਆ ਹੈ।3।

ਹੇ ਭਾਈ! ਪ੍ਰਭੂ-ਨਾਮ ਦਾ ਸਦਕਾ ਹੀ ਦੁਨੀਆ ਦਾ ਕੋਈ ਡਰ ਪੋਹ ਨਹੀਂ ਸਕਦਾ। ਹਰਿ-ਨਾਮ ਵਿਚ ਜੁੜਿਆਂ ਹੀ

ਜਨਮ ਮਰਨ ਦੇ ਗੇੜ ਮੁੱਕ ਜਾਂਦੇ ਹਨ। (ਪਰ) ਪੂਰੇ ਗੁਰੂ ਨੇ (ਹੀ ਸਦਾ) ਗੁਣਾਂ ਦੇ ਖ਼ਜ਼ਾਨੇ ਪ੍ਰਭੂ ਨਾਲ (ਜੀਵਾਂ ਨੂੰ) ਮਿਲਾਇਆ ਹੈ (ਗੁਰੂ ਹੀ ਮਿਲਾਂਦਾ ਹੈ)। ਹੇ ਨਾਨਕ! ਆਖ—(ਪ੍ਰਭੂ ਦੇ ਨਾਮ ਦੀ ਬਰਕਤਿ ਨਾਲ) ਆਨੰਦ ਵਿਚ ਆਤਮਕ ਅਡੋਲਤਾ ਵਿਚ ਟਿਕਾਣਾ ਮਿਲ ਜਾਂਦਾ ਹੈ।4।2।4।